ਪੰਜਾਬ ਸਰਕਾਰ

ਮਾਲ ਤੇ ਪੁਨਰਵਾਸ ਵਿਭਾਗ

(ਭੌ ਮਾਲੀਆ ਸਾਖਾ)

ਵਿਸ਼ਾ:- ਪੰਜਾਬ ਰਾਜ ਵਿੱਚ ਪਬਲਿਕ ਮੰਤਵਾਂ ਲਈ ਜਮੀਨ ਐਕਵਾਇਰ ਕਰਨ ਵਾਸਤੇ - ਨਵੀਂ ਲੈਂਡ ਪਰਚੇਜ ਪਾਲਿਸੀ ਲਾਗੂ ਕਰਨ ਸਬੰਧੀ।

*******

ਸਕੱਤਰ, ਪੰਜਾਬ ਸਰਕਾਰ, ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਵਿਭਾਗ ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਆਪਣੇ ਅੰ.ਵਿ.ਪੱਤਰ ਨੰ:6/8/2010/6ਮਓ1/ ਮਿਤੀ 13-4-2010 ਅਤੇ ਪੱਤਰ ਮਿਤੀ 7-1-2011 ਵੱਲ ਧਿਆਨ ਦੇਣ ਦੀ ਕ੍ਰਿਪਾਲਤਾ ਕਰਨ।

2. ਇਸ ਵਿਭਾਗ ਵੱਲੋ ਆਪਣੇ ਅੰ.ਵਿ.ਪੱਤਰ ਨੰ: 1/17/2010-ਭ.ਮ-1/7830 ਮਿਤੀ 24-5-2010 ਰਾਹੀ ਨਵੀ ਲੈਂਡ ਪਰਚੇਜ ਪਾਲਿਸੀ ਜਾਰੀ ਕੀਤੀ ਗਈ ਸੀ। ਹੁਣ ਆਮ ਰਾਜ ਪ੍ਰਬੰਧ ਵਿਭਾਗ (ਮੰਤਰੀ ਮੰਡਲ ਮਾਮਲੇ ਸਾਖਾ) ਵੱਲੋ ਆਪਣੇ ਅੰ.ਵਿ.ਪੱਤਰ ਨੰ: 1/37/2011- 1 ਕੈਬਿਨੇਟ/2827, ਮਿਤੀ 9-6-2011 ਵਿੱਚ ਸੂਚਿਤ ਕੀਤਾ ਹੈ ਕਿ ਮੰਤਰੀ ਪ੍ਰੀਸਦ ਦੀ ਮਿਤੀ 7-6-2011 ਨੂੰ ਹੋਈ ਮੀਟਿੰਗ ਵਿੱਚ ਲਏ ਗਏ ਫੈਸਲੇ ਅਨੁਸਾਰ ਪਹਿਲਾ ਜਾਰੀ ਕੀਤੀ ਲੈਂਡ ਪ੍ਰਚੇਜ ਪਾਲੀਸੀ ਦੇ ਕਾਲਮ ਨੰ: 3 ਵਿੱਚ 3 "ੳ" ਤੇ 3"ਅ" ਨਿਮਨ ਅਨੁਸਾਰ ਸੋਧੀ ਲੈਂਡ ਪ੍ਰਚੇਜ ਵਿੱਚ ਤਰਮੀਮ ਦੀ ਪ੍ਰਵਾਨਗੀ ਦਿੱਤੀ ਗਈ ਹੈ :-

3-ੳ. ਟੈਂਡਰ ਪੂਰੇ ਤਰ ਤੇ ਜਾ ਭੋ ਦੇ ਕੁਝ ਹਿਸੇ ਲਈ ਲੈਡ ਐਗਰੀਗੇਟਰ ਵੱਲੋ ਵੀ ਦਿੱਤਾ ਜਾ ਸਕਦਾ ਹੈ ਬਸਰਤੇ ਭੋ ਮਾਲਕਾ ਵੱਲੋ ਸਪੈਸਲ ਪਾਵਰ ਆਫ ਅਟਾਰਨੀ ( ਜਿਸ ਦਾ ਨਮੂਨਾ ਸਕੱਤਰ, ਮਕਾਨ ਉਸਾਰੀ ਵੱਲੋ ਪ੍ਰਵਾਨ ਕੀਤਾ ਜਾਵੇਗਾ) ਨਾਲ ਪੇਸ ਕੀਤਾ ਜਾਵੇ। ਜੋ ਭੋ ਲੈਡ ਐਗਰੀਗੇਟਰ ਰਾਹੀ ਖਰੀਦੀ ਜਾਵੇਗੀ ਉਸ ਉਪਰ 2% ਕਮਿਸਨ ਭੋ ਦੀ ਕੀਮਤ ਤੋ ਇਲਾਵਾ ਐਗਰੀਗੇਟਰ ਨੂੰ ਦਿੱਤਾ ਜਾਵੇਗਾ। ਇਹ ਸਪਸਟ ਕੀਤਾ ਜਾਂਦਾ ਹੈ ਕਿ ਭੋ ਦੀ ਕੀਮਤ ਭੂ ਮਾਲਕਾ ਨੂੰ ਸਿਧੇ ਤੋਰ ਤੇ ਅਦਾ ਕੀਤੀ ਜਾਵੇਗੀ।

3-ਅ ਖਰੀਦ ਦੀ ਪ੍ਰਕੀਰਿਆ ਪੂਰੀ ਹੋਣ ਤੱਕ ਕੋਈ ਵੀ ਭੋ ਮਾਲਕ ਸਰਕਾਰ ਦੀ ਪ੍ਰਵਾਨਤ ਲੈਡ ਪੂਲਿੰਗ ਪਾਲਿਸੀ, ਅਨੁਸਾਰ ਲੈਡ ਪੂਲਿੰਗ ਲਈ ਆਪਣੀ ਸਹਿਮਤੀ ਦੇ ਸਕਦਾ ਹੈ। ਇਹ ਉਪਬੰਧ ਸਥਿਤੀ ਅਨੁਸਾਰ ਹੀ ਲਾਗੂ ਹੋਵੇਗਾ।

ਉਕੱਤ ਸੋਧ ਤੋਂ ਬਾਅਦ ਲੈਂਡ ਪ੍ਰਚੇਜ ਪਾਲਿਸੀ ਹੇਠ ਲਿਖੇ ਅਨੁਸਾਰ ਜਾਰੀ ਕੀਤੀ ਜਾਂਦੀ ਹੈ :-

1. ਅਰਬਨ ਡਿਵੈਲਪਮੈਂਟ ਅਥਾਰਟੀਜ਼ ਵਾਸਤੇ ਭੋ ਐਕਵਾਇਰ ਕਰਨ ਤੋ ਪਹਿਲਾਂ ਇੱਕ ਮੁੱਢਲੀ ਕਮੇਟੀ ਗਠਿਤ ਕੀਤੀ ਜਾਵੇਗੀ, ਜਿਸ ਵਿੱਚ ਮੁੱਖ ਪ੍ਰਸ਼ਾਸਕ , ਡਿਪਟੀ ਕਮਿਸਨਰ ਜਾਂ ਉਹਨਾਂ ਦਾ ਨੁਮਾਇੰਦਾ ,ਵਧੀਕ ਮੁੱਖ ਪ੍ਰਸ਼ਾਸਕ,ਲੈਂਡ ਐਕੁਜੀਸ਼ਨ ਕੁਲੈਕਟਰ, ਨਿਗਰਾਨ ਇੰਜੀਨੀਅਰ, ਮੰਡਲ ਇੰਜੀਨੀਅਰ (ਸੀ) , ਜਿਲਾ ਨਗਰ ਯੋਜਨਾਕਾਰ, ਅਸਟੇਟ ਅਫਸਰ ਮੈਂਬਰ ਹੋਣਗੇ। ਇਸ ਕਮੇਟੀ ਵੱਲੋ Broadly identify ਕੀਤਾ ਜਾਵੇਗਾ ਕਿ ਐਕਵਾਇਰ ਕੀਤੀ ਜਾਣ ਵਾਲੀ ਜਮੀਨ ਮਾਸਟਰ ਪਲੈਨ ਵਿੱਚ ਕਿਸ ਦਿਸ਼ਾ, ਮੰਤਵ ਅਤੇ ਸਮੇਤ ਰਕਬਾ ਵਿਕਸਿਤ ਕਰਨੀ ਯੋਗ ਹੋਵੇਗੀ।

2. ਇਸ ਉਪਰੰਤ ਐਕਵਾਇਰ ਕੀਤੀ ਜਾਣ ਵਾਲੀ ਜਮੀਨ ਸਬੰਧੀ ਮੁਕੰਮਲ ਕੇਸ ਐਗਜੈਕਟਿਵ ਕਮੇਟੀ ਨੂੰ ਪ੍ਰਵਾਨਗੀ ਹਿੱਤ ਭੇਜਿਆ ਜਾਵੇਗਾ।

3. ਐਗਜੈਕਟਿਵ ਕਮੇਟੀ ਦੀ ਪ੍ਰਵਾਨਗੀ ਉਪਰੰਤ ਉਕਤ ਜਮੀਨ ਐਕਵਾਇਰ ਕਰਨ ਸਬੰਧੀ ਮੀਡੀਆ ਰਾਹੀਂ ਵਿਗਿਆਪਨ ਦੇ ਕੇ (atleast in two prominent dailies) ਭੋਂ ਮਾਲਕਾਂ ਪਾਸੋਂ ਟੈਂਡਰ/ਬਿਡਜ Two Envelope System ਰਾਹੀਂ ਮੰਗੀਆਂ ਜਾਣਗੀਆਂ, ਜਿਸ ਵਿੱਚੋ ਪਹਿਲੇ ਲਿਫਾਫੇ ਵਿੱਚ ਰੈਵੀਨਿਊ ਰਿਕਾਰਡ, ਅਕਸ ਸਜਰਾ, ਰਜਿਸਟਰੀ, ਜਮਾਂਬੰਦੀ,ਓਨਰਸ਼ਿਪ ਰਾਈਟਸ ਆਦਿ ਹੋਣਗੇਂ ਅਤੇ ਦੂਸਰੇ ਲਿਫਾਫੇ ਵਿੱਚ ਫਾਈਨਾਂਸ਼ੀਅਲ ਬਿੱਡਜ਼ ਹੋਣਗੀਆਂ । ਟੈਂਡਰਜ ਸਾਰੇ ਭੋਂ ਮਾਲਕ ਸਾਂਝੇ ਤੌਰ ਤੇ, ਜਾਂ ਇਕ ਭੋਂ ਮਾਲਕ, ਜਿਸ ਕੋਲ ਰਜਿਸਟਰਡ ਪਾਵਰ ਆਫ ਅਟਾਰਨੀ ਹੋਵੇਗੀ, ਵਲੋਂ ਕੀਤਾ ਜਾ ਸਕੇਗਾ ।

3-ੳ. ਟੈਂਡਰ ਪੂਰੇ ਤੋਰ ਤੇ ਜਾ ਭੋ ਦੇ ਕੁਝ ਹਿਸੇ ਲਈ ਲੈਂਡ ਐਗਰੀਗੇਟਰ ਵੱਲੋ ਵੀ ਦਿੱਤਾ ਜਾ ਸਕਦਾ ਹੈ ਬਸਰਤੇ ਭੋ ਮਾਲਕਾ ਵੱਲੋ ਸਪੈਸ਼ਲ ਪਾਵਰ ਆਫ ਅਟਾਰਨੀ ( ਜਿਸ ਦਾ ਨਮੂਨਾ ਸਕੱਤਰ, ਮਕਾਨ ਉਸਾਰੀ ਵੱਲੋ ਪ੍ਰਵਾਨ ਕੀਤਾ ਜਾਵੇਗਾ) ਨਾਲ ਪੇਸ ਕੀਤਾ ਜਾਵੇ। ਜੋ ਭੋ ਲੈਂਡ ਐਗਰੀਗੇਟਰ ਰਾਹੀ ਖਰੀਦੀ ਜਾਵੇਗੀ ਉਸ ਉਪਰ 2% ਕਮਿਸਨ ਭੋ ਦੀ ਕੀਮਤ ਤੋ ਇਲਾਵਾ ਐਗਰੀਗੇਟਰ ਨੂੰ ਦਿੱਤਾ ਜਾਵੇਗਾ। ਇਹ ਸਪਸਟ ਕੀਤਾ ਜਾਂਦਾ ਹੈ ਕਿ ਭੋ ਦੀ ਕੀਮਤ ਭੋ ਮਾਲਕਾ ਨੂੰ ਸਿਧੇ ਤੋਰ ਤੇ ਅਦਾ ਕੀਤੀ ਜਾਵੇਗੀ।

3-ਅ ਖਰੀਦ ਦੀ ਪ੍ਰਕੀਰਿਆ ਪੂਰੀ ਹੋਣ ਤੱਕ ਕੋਈ ਵੀ ਭੋ ਮਾਲਕ ਸਰਕਾਰ ਦੀ ਪ੍ਰਵਾਨਤ ਲੈਂਡ ਪੂਲਿੰਗ ਪਾਲਿਸੀ, ਅਨੁਸਾਰ ਲੈਂਡ ਪੂਲਿੰਗ ਲਈ ਆਪਣੀ ਸਹਿਮਤੀ ਦੇ ਸਕਦਾ ਹੈ। ਇਹ ਉਪਬੰਧ ਸਥਿਤੀ ਅਨੁਸਾਰ ਹੀ ਲਾਗੂ ਹੋਵੇਗਾ।

4. ਇਸ ਪ੍ਰਕੀਰਿਆ ਰਾਹੀਂ ਭੋਂ ਪ੍ਰਾਪਤ ਕਰਨ ਸਮੇਂ ਵਿੱਤੀ ਕਮਿਸ਼ਨਰ ਮਾਲ ਜੀ ਦੇ ਸਟੈਂਡਿੰਗ ਆਡਰ ਨੰ: 28 ਦੇ ਪੈਰ੍ਹਾ ਨੰਬਰ 23(I) (II) (III) ਅਤੇ ਪੈਰ੍ਹਾ ਨੰਬਰ 24(a) (b) (c) ਅਨੁਸਾਰ ਸਾਰੀ ਪੋਜੀਸ਼ਨ ਚੈੱਕ ਕੀਤੀ ਜਾਵੇਗੀ।

5. ਮੁੱਢਲੀ ਕਮੇਟੀ ਸਭ ਤੋਂ ਪਹਿਲਾਂ ਭੋਂ ਦਸਤਾਵੇਜ ਵਾਲਾ ਲਿਫਾਫਾ ਖੋਲੇਗੀ ਅਤੇ ਸਾਰੀ ਸਾਈਟਸ ਦੀ ਫਿਜੀਕਲ ਇਨਸਪੈਕਸ਼ਨ ਕਰੇਗੀ ਅਤੇ ਉਸ ਤੋਂ ਬਾਅਦ ਢੁੱਕਵੀ ਸਾਈਟਸ ਦੀ ਪਹਿਚਾਣ ਕਰੇਗੀ ।

6. ਜੋ ਵੀ ਢੁੱਕਵੀ ਸਾਈਟ/ ਸਾਈਟਸ ਹੋਣਗੀਆਂ ਉਹਨਾਂ ਦੀ ਰੈਵੀਨਿਊ ਵੈਰੀਫਿਕੇਸਨ ਸਬੰਧਤ ਤਹਿਸੀਲਦਾਰਾ ਨੂੰ ਭੇਜੇ ਜਾਣਗੇ ਅਤੇ ਉਹਨਾਂ ਤੋਂ ਪ੍ਰਾਪਤ ਕੀਤੀ ਜਾਣ ਵਾਲੀ ਭੋਂ ਦਾ ਰੈਵੀਨਿਊ ਰਿਕਾਰਡ, ਟਾਈਟਲ ਜਾਂ ਕਿਸੇ ਕਿਸਮ ਦੇ ਭਾਰ-ਮੁਕਤ ਸਬੰਧੀ ਵੈਰੀਫਿਕੇਸ਼ਨ ਕਰਵਾਈ ਜਾਵੇਗੀ ।

7. ਇਸ ਉਪਰੰਤ ਜੋ ਸਾਈਟ/ਸਾਈਟਸ ਸਿਲੈਕਟ ਕੀਤੀਆਂ ਜਾਣਗੀਆਂ ਉਹਨਾਂ ਦੇ ਖਸਰਾ ਨੰਬਰਾਂ ਦਾ ਮੁਕੰਮਲ ਵੇਰਵਾ ਦਿੰਦੇ ਹੋਏ ਮੀਡੀਆ ਰਾਹੀਂ ਵਿਗਿਆਪਨ ਦੇ ਕੇ (at least in two prominent dailies) ਆਮ ਜਨਤਾ ਪਾਸੋਂ/ਮਾਲਕੀਅਤ ਸਬੰਧੀ ਇਤਰਾਜ ਮੰਗ ਲਏ ਜਾਣਗੇ ਅਤੇ ਇਤਰਾਜਾਂ ਦਾ ਫੈਸਲਾ ਲੈਣ ਉਪਰੰਤ ਸਿਲੈਕਟ ਕੀਤੀਆਂ ਸਾਈਟ/ਸਾਈਟਸ ਦੀ ਪ੍ਰਵਾਨਗੀ ਐਗਜਿਕਟਿਵ ਕਮੇਟੀ ਤੋਂ ਕਰਵਾਈ ਜਾਵੇਗੀ।

8. ਇਸ ਉਪਰੰਤ ਪ੍ਰਾਈਸ/ਕੀਮਤ ਬਿਡਜ਼ ਵਾਲਾ ਲਿਫਾਫਾ ਕਮੇਟੀ ਵਲੋਂ ਭੋਂ ਮਾਲਕਾਂ ਦੀ ਹਾਜਰੀ ਵਿੱਚ ਖੋਲਣ ਉਪਰੰਤ ਪ੍ਰੋਜੈਕਟ ਦੀ ਵਿੱਤੀ ਵਾਇਆਬਿਲਟੀ ਨੂੰ ਚੈੱਕ ਕਰਨ ਉਪਰੰਤ ਅੰਤਿਮ ਰਿਪੋਰਟ ਤਿਆਰ ਕੀਤੀ ਜਾਵੇਗੀ।

9. ਮੁੱਢਲੀ ਕਮੇਟੀ ਭੋਂ ਪ੍ਰਾਪਤੀ ਐਕਟ 1894 ਮੁਤਾਬਿਕ ਜਿਲਾ ਕੁਲੈਕਟਰ-ਕਮ-ਪ੍ਰਾਈਸ ਫਿਕਸੇਸ਼ਨ ਕਮੇਟੀ ਨੂੰ ਉਕਤ ਐਕੁਆਇਰ ਕੀਤੀ ਜਾਣ ਵਾਲੀ ਭੋਂ ਦੇ ਰੇਟ ਫਿਕਸ ਕਰਨ ਸਬੰਧੀ ਕੇਸ ਭੇਜੇਗੀ ਅਤੇ ਭੋਂ ਪ੍ਰਾਪਤੀ ਕਮੇਟੀ ਵੱਲੋਂ ਭੋਂ ਦੇ ਰੇਟ ਫਿਕਸ ਕਰਨ ਉਪਰੰਤ ਮੁਕੰਮਲ ਕੇਸ, ਪ੍ਰਬੰਧਕੀ ਵਿਭਾਗ, ਸਰਕਾਰ ਦੀ ਅਧਿਸੂਚਨਾ ਨੰਬਰ 1/268/2006-ਕੈਬਿਨਟ/976 ਮਿਤੀ 22-3-2007 ਰਾਹੀਂ ਬਣਾਈ ਕੈਬਨਿਟ- ਸਬ- ਕਮੇਟੀ ਦੀ ਪ੍ਰਵਾਨਗੀ ਲਈ ਭੇਜੇਗਾ।

10. ਇਸ ਉਪਰੰਤ ਐਕੁਆਇਰ ਕੀਤੀ ਜਾਣ ਵਾਲੀ ਭੋਂ ਦੀ ਮੁਕੰਮਲ ਅਪਰੂਵਲ ਸਬੰਧਤ ਅਥਾਰਟੀ ਦੀ ਮੀਟਿੰਗ ਵਿੱਚ ਪ੍ਰਵਾਨਗੀ ਲਈ ਜਾਵੇਗੀ ।

11. ਉਕਤ ਤੋ ਇਲਾਵਾ ਵਿੱਤੀ ਕਮਿਸ਼ਨਰ ਮਾਲ ਜੀ ਦੇ ਸਟੈਡਿੰਗ ਆਰਡਰ ਨੰ: 28 ਵਿੱਚ ਪ੍ਰਾਈਵੇਟ ਤੌਰ ਤੇ ਗੱਲਬਾਤ ਰਾਹੀਂ ਭੋਂ ਪ੍ਰਾਪਤੀ ਦੀਆਂ ਵਿਵਸਥਿਤ ਧਾਰਾਵਾਂ/ ਪੈਰ੍ਹਿਆਂ ਨੂੰ ਮੱਦੇ ਨਜ਼ਰ ਰੱਖਿਆ ਜਾਵੇਗਾ।

12. ਜ਼ਮੀਨਾਂ ਦੀ ਖਰੀਦ ਤੇ ਕੋਈ ਸਟੈਂਪ ਡਿਊਟੀ ਨਹੀ ਲੱਗੇਗੀ ਅਤੇ ਦਰਖਾਸਤ ਨਾਲ ਕੋਈ ਅਰਨੈਸਟ ਮਨੀ ਦੀ ਗਰੰਟੀ ਜਾ ਡਰਾਫਟ ਵੀ ਨਹੀ ਲਗਾਇਆ ਜਾਵੇਗਾ।

ਉਪ ਸਕੱਤਰ ਮਾਲ (ਰ)

ਸੇਵਾ ਵਿਖੇ,

ਸਕੱਤਰ, ਪੰਜਾਬ ਸਰਕਾਰ,
ਮਕਾਨ ਉਸਾਰੀ ਤੇ ਸਹਿਰੀ ਵਿਕਾਸ ਵਿਭਾਗ।

ਅੰ.ਵਿ.ਪੱਤਰ ਨੰ: 1/17/2010-ਭਮ-1/ ਚੰਡੀਗੜ੍ਹ, ਮਿਤੀ

ਇਸ ਦਾ ਇਕ ਉਤਾਰਾ ਅਧੀਨ ਸਕੱਤਰ, ਤਾਲਮੇਲ, ਆਮ ਰਾਜ ਪ੍ਰਬੰਧ ਵਿਭਾਗ (ਮੰਤਰੀ ਮੰਡਲ ਮਾਮਲੇ ਸਾਖਾ) ਨੂੰ ਉਹਨ੍ਹਾਂ ਦੇ ਅੰ.ਵਿ.ਪੱਤਰ ਨੰ: 1/37/2011-1 ਕੈਬਨਿਟ/2827 ਮਿਤੀ 9-6-2011 ਦੇ ਹਵਾਲੇ ਵਿੱਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ ।

ਉਪ ਸਕੱਤਰ ਮਾਲ (ਰ)

ਸੇਵਾ ਵਿਖੇ,

ਅਧੀਨ ਸਕੱਤਰ, ਤਾਲਮੇਲ,
ਆਮ ਰਾਜ ਪ੍ਰਬੰਧ ਵਿਭਾਗ,
(ਮੰਤਰੀ ਮੰਡਲ ਮਾਮਲੇ ਸਾਖਾ) ।

ਅੰ.ਵਿ.ਪੱਤਰ ਨੰ: 1/17/2010 ਭਮ-1/ ਚੰਡੀਗੜ੍ਹ ਮਿਤੀ

ਪਿੰਠ ਅੰਕਣ ਨੰ: 1/17/2010 ਭਮ-1/ ਚੰਡੀਗੜ੍ਹ ਮਿਤੀ

ਇਸ ਦਾ ਇੱਕ ਉਤਾਰਾ ਡਾਇਰੈਕਟਰ ਲੈਂਡ ਐਕਜੀਸਨ-ਕਮ-ਡਾਇਰੈਕਟਰ ਲੈਂਡ ਰਿਕਾਰਡਜ, ਕਪੂਰਥਲਾ ਰੋਡ, ਜਲੰਧਰ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਉਪ ਸਕੱਤਰ ਮਾਲ (ਰ)

ਇਸ ਦਾ ਇਕ ਉਤਾਰਾ ਕੰਪਿਊਟਰ ਸੈਲ ਨੂੰ ਜਾਰੀ ਕੀਤੀ ਪਲਿਸੀ ਵੈਬਸਾਈਟ ਤੇ ਅੱਪਲੋਡ ਕਰਨ ਲਈ ਭੇਜਿਆ ਜਾਂਦਾ ਹੈ।

ਉਪ ਸਕੱਤਰ ਮਾਲ (ਰ)

ਸੇਵਾ ਵਿਖੇ,

ਇੰਚਾਰਜ,
ਕੰਪਿਊਟਰ ਸੈਲ ।

ਅੰ.ਵਿ.ਪੱਤਰ ਨੰ: 1/17/2010 ਭਮ-1/ 8928 ਚੰਡੀਗੜ੍ਹ ਮਿਤੀ 7/7/2011